**ਆਕਾਸ਼ਵਾਣੀ ਜਲੰਧਰ**

**ਪ੍ਰਦੇਸ਼ਿਕ ਖਬਰਾਂ ਪੰਜਾਬੀ**

**13:10**

**ਮਿਤੀ : 11-10-2025**

ਪ੍ਰਧਾਨ ਮੰਤਰੀ ਨਰੇਂਦਰ ਮੋਦੀ ਨੇ ਅੱਜ ਨਵੀਂ ਦਿੱਲੀ ਵਿੱਚ ਇੱਕ ਵਿਸ਼ੇਸ਼ ਖੇਤੀਬਾੜੀ ਸਮਾਗਮ ਵਿੱਚ ਖੇਤੀਬਾੜੀ ਅਤੇ ਸਹਾਇਕ ਖੇਤਰਾਂ ਵਿੱਚ 42 ਹਜ਼ਾਰ ਕਰੋੜ ਤੋਂ ਵੱਧ ਦੇ ਕਈ ਪ੍ਰੋਜੈਕਟਾਂ ਅਤੇ ਯੋਜਨਾਵਾਂ ਦੀ ਸ਼ੁਰੂਆਤ ਕੀਤੀ ਤੇ ਨੀਂਹ ਪੱਥਰ ਰੱਖਿਆ। ਸ੍ਰੀ ਮੋਦੀ ਨੇ ਖੇਤੀਬਾੜੀ ਖੇਤਰ ਦੀਆਂ ਦੋ ਵੱਡੀਆਂ ਪਹਿਲਕਦਮੀਆਂ, ਪ੍ਰਧਾਨ ਮੰਤਰੀ ਧਨ ਧਾਨਯ ਖੇਤੀਬਾੜੀ ਯੋਜਨਾ ਅਤੇ ਦਾਲਾਂ ਵਿੱਚ ਆਤਮ -ਨਿਰਭਰਤਾ ਮਿਸ਼ਨ ਦੀ ਵੀ ਸ਼ੁਰੂਆਤ ਕੀਤੀ, ਜਿਨ੍ਹਾਂ ਦੀ ਲਾਗਤ 35,000 ਕਰੋੜ ਤੋਂ ਵੱਧ ਏ। ਪ੍ਰਧਾਨ ਮੰਤਰੀ ਨੇ ਇਸ ਮੌਕੇ ਕਿਸਾਨਾਂ ਨਾਲ ਵੀ ਗੱਲਬਾਤ ਕੀਤੀ ।ਇਹ ਸਮਾਗਮ ਕਿਸਾਨ ਭਲਾਈ, ਖੇਤੀਬਾੜੀ ਆਤਮ -ਨਿਰਭਰਤਾ ਅਤੇ ਪੇਂਡੂ ਬੁਨਿਆਦੀ ਢਾਂਚੇ ਨੂੰ ਮਜ਼ਬੂਤ ਕਰਨ ਪ੍ਰਤੀ ਸਰਕਾਰ ਦੀ ਵਚਨਬੱਧਤਾ ਨੂੰ ਦਰਸਾਉਂਦਾ ਏ। BYTE

---------------------------------------------------------------------

ਉਪ-ਰਾਸ਼ਟਰਪਤੀ ਅਤੇ ਪੰਜਾਬ ਯੂਨੀਵਰਸਿਟੀ ਚੰਡੀਗੜ੍ਹ ਦੇ ਚਾਂਸਲਰ ਸੀ. ਪੀ. ਰਾਧਾਕ੍ਰਿਸ਼ਨਨ ਨੇ ਨਸ਼ਾ-ਮੁਕਤ ਕੈਂਪਸ ਨੂੰ ਉਤਸ਼ਾਹਿਤ ਕਰਨ, ਵਿਦਿਆਰਥੀਆਂ ਦੀ ਪਲੇਸਮੈਂਟ 'ਤੇ ਵਧੇਰੇ ਧਿਆਨ ਕੇਂਦਰਿਤ ਕਰਨ ਅਤੇ ਪ੍ਰਸਿੱਧ ਅਤੇ ਉੱਚ-ਮੰਗ ਵਾਲੇ ਕੋਰਸਾਂ ਵਿੱਚ ਸੀਟਾਂ ਵਧਾਉਣ ਦੀ ਜ਼ਰੂਰਤ 'ਤੇ ਜ਼ੋਰ ਦਿੱਤਾ ਏ  ਤਾਂ ਜੋ ਚਾਹਵਾਨ ਵਿਦਿਆਰਥੀਆਂ ਲਈ ਪਹੁੰਚਯੋਗਤਾ ਵਧਾਈ ਜਾ ਸਕੇ। ਸ਼੍ਰੀ ਰਾਧਾਕ੍ਰਿਸ਼ਨਨ ਨੇ ਨਵੀਂ ਦਿੱਲੀ ਦੇ ਉਪ-ਪ੍ਰੈਜ਼ੀਡੈਂਟਸ ਐਨਕਲੇਵ ਵਿਖੇ ਪੀਯੂ ਦੇ ਵਾਈਸ-ਚਾਂਸਲਰ, ਪ੍ਰੋ. ਰੇਣੂ ਵਿਗ ਨਾਲ ਇੱਕ ਮੀਟਿੰਗ ਦੌਰਾਨ ਯੂਨੀਵਰਸਿਟੀ ਦੇ ਭਵਿੱਖ ਵਿਚ ਵਿਕਾਸ ਲਈ ਆਪਣਾ ਦ੍ਰਿਸ਼ਟੀਕੋਣ ਅਤੇ ਖਾਕਾ ਸਾਂਝਾ ਕੀਤਾ। ਉਨ੍ਹਾਂ ਨੇ ਯੂਨੀਵਰਸਿਟੀ ਭਾਈਚਾਰੇ ਨੂੰ ਅਕਾਦਮਿਕ ਉੱਤਮਤਾ, ਸਮਾਜਿਕ ਜ਼ਿੰਮੇਵਾਰੀ ਅਤੇ ਯੁਵਾ ਸਸ਼ਕਤੀਕਰਨ ਦੇ ਆਪਣੇ ਮਿਸ਼ਨ ਨੂੰ ਜਾਰੀ ਰੱਖਣ ਲਈ ਉਤਸ਼ਾਹਿਤ ਕੀਤਾ। ਉਪ-ਰਾਸ਼ਟਰਪਤੀ ਨੇ ਉੱਚ ਸਿੱਖਿਆ ਦੇ ਇੱਕ ਮੋਹਰੀ ਸੰਸਥਾ ਵਜੋਂ ਇਸਦੀ ਅਕਾਦਮਿਕ ਅਤੇ ਖੋਜ ਲੀਡਰਸ਼ਿਪ ਨੂੰ ਹੋਰ ਮਜ਼ਬੂਤ ਕਰਨ ਲਈ ਨਿਰੰਤਰ ਯਤਨਾਂ ਦੀ

ਮਹੱਤਤਾ 'ਤੇ ਜ਼ੋਰ ਦਿੱਤਾ। ਉਨ੍ਹਾਂ ਨੇ ਖੋਜ, ਕਾਡਾਂ ਅਤੇ ਭਾਈਚਾਰਕ ਪਹੁੰਚ ਵਿੱਚ ਯੂਨੀਵਰਸਿਟੀ ਦੀਆਂ ਪ੍ਰਾਪਤੀਆਂ ਦਾ ਜ਼ਿਕਰ ਕੀਤਾ, ਨਾਲ ਹੀ ਕੇਂਦ੍ਰਿਤ ਵਿਕਾਸ ਲਈ ਮੁੱਖ ਖੇਤਰਾਂ ਦੀ ਪਛਾਣ ਵੀ ਕੀਤੀ। ਉਨ੍ਹਾਂ ਸੁਝਾਅ ਦਿੱਤਾ ਕਿ ਉੱਘੇ ਸਾਬਕਾ ਵਿਦਿਆਰਥੀਆਂ ਨਾਲ ਗੱਲਬਾਤ ਨੂੰ ਰਿਕਾਰਡ ਕੀਤਾ ਜਾਵੇ ਅਤੇ ਅਗਲੀ ਪੀੜ੍ਹੀ ਨੂੰ ਪ੍ਰੇਰਿਤ ਕਰਨ ਲਈ ਵਿਆਪਕ ਤੌਰ 'ਤੇ ਸਾਂਝਾ ਕੀਤਾ ਜਾਵੇ। ਯੂਨੀਵਰਸਿਟੀ ਦੇ ਵਾਈਸ ਚਾਂਸਲਰ  ਪ੍ਰੋ. ਵਿਗ ਨੇ ਯੂਨੀਵਰਸਿਟੀ ਦੀ ਸ਼ਾਨਦਾਰ ਵਿਰਾਸਤ, ਅਕਾਦਮਿਕ ਸ਼ਕਤੀਆਂ, ਖੋਜ ਵਾਤਾਵਰਣ ਪ੍ਰਣਾਲੀ ਅਤੇ ਹਾਲੀਆ ਪ੍ਰਾਪਤੀਆਂ ਨੂੰ ਦਰਸਾਉਂਦੇ ਹੋਏ ਇੱਕ ਪੇਸ਼ਕਾਰੀ ਦਿੱਤੀ । ਉਨ੍ਹਾਂ ਨੇ ਪੀ.ਯੂ ਦੀ ਮਜ਼ਬੂਤ ਰਾਸ਼ਟਰੀ ਅਤੇ ਵਿਸ਼ਵ-ਵਿਆਪੀ ਸਥਿਤੀ ਨੂੰ ਉਜਾਗਰ ਕੀਤਾ ।

---------------------------------------------------------

ਪੰਜਾਬ ਨੂੰ ਡਿਜੀਟਲ ਤੌਰ 'ਤੇ ਸਮਰੱਥ ਬਣਾਉਣ ਅਤੇ ਲੋਕਾਂ ਨੂੰ ਪਾਰਦਰਸ਼ੀ ਤੇ ਭ੍ਰਿਸ਼ਟਾਚਾਰ-ਮੁਕਤ ਸੇਵਾਵਾਂ ਪ੍ਰਦਾਨ ਕਰਨ ਦੀ ਦਿਸ਼ਾ ਵਿੱਚ ਅਹਿਮ ਕਦਮ ਚੁੱਕਦਿਆਂ ਪੰਜਾਬ "ਯੂਨੀਫਾਈਡ ਸਿਟੀਜ਼ਨ ਪੋਰਟਲ" ਨੂੰ ਸ਼ੁਰੂ ਕਰਨ ਵਾਲਾ ਮੋਹਰੀ ਸੂਬਾ ਬਣਨ ਜਾ ਰਿਹਾ ਏ ।

ਪੰਜਾਬ ਦੇ ਸੂਚਨਾ ਤੇ ਤਕਨੀਕ ਮੰਤਰੀ ਅਮਨ ਅਰੋੜਾ ਨੇ ਦੱਸਿਆ ਕਿ ਇਸ ਸਿੰਗਲ-ਵਿੰਡੋ ਪਲੇਟਫਾਰਮ ਯਾਨੀ "ਯੂਨੀਫਾਈਡ ਸਿਟੀਜ਼ਨ ਪੋਰਟਲ" ਰਾਹੀਂ ਸੂਬੇ ਦੇ ਲੋਕਾਂ ਦੀ  ਵੱਖ-ਵੱਖ ਵਿਭਾਗਾਂ ਦੀਆਂ ਸਰਕਾਰੀ ਸੇਵਾਵਾਂ ਤੱਕ ਨਿਰਵਿਘਨ ਪਹੁੰਚ ਯਕੀਨੀ ਬਣੇਗੀ। ਪੰਜਾਬ ਭਵਨ ਵਿਖੇ ਪ੍ਰੈਸ ਕਾਨਫਰੰਸ ਨੂੰ ਸੰਬੋਧਨ ਕਰਦਿਆਂ ਸ੍ਰੀ ਅਰੋੜਾ ਨੇ ਦੱਸਿਆ ਕਿ ਸੁਚੱਜਾ ਪ੍ਰਸ਼ਾਸਨ ਅਤੇ ਸੂਚਨਾ ਤੇ ਤਕਨੀਕ ਵਿਭਾਗ ਨੇ ਇਸ ਨਵੇਂ ਸਿਟੀਜ਼ਨ ਪੋਰਟਲ ਦੀ ਵਿਆਪਕ ਡਿਜ਼ਾਈਨਿੰਗ, ਵਿਕਾਸ, ਲਾਗੂਕਰਨ ਅਤੇ ਰੱਖ-ਰਖਾਅ ਲਈ ਈ-ਕਨੈਕਟ ਸਾਲਿਊਸ਼ਨਜ਼ ਪ੍ਰਾਈਵੇਟ ਲਿਮਟਿਡ ਨਾਲ, 13 ਕਰੋੜ ਰੁਪਏ ਦਾ ਸਮਝੌਤਾ ਸਹੀਬੱਧ ਕੀਤਾ ਏ ।  ਇਹ ਪੋਰਟਲ ਛੇ ਮਹੀਨਿਆਂ ਦੇ ਅੰਦਰ ਤਿਆਰ ਕਰਕੇ ਸ਼ੁਰੂ ਕਰ ਦਿੱਤਾ ਜਾਵੇਗਾ, ਜਿਸ ਨਾਲ ਸਰਕਾਰੀ ਸੇਵਾਵਾਂ ਤੱਕ ਲੋਕਾਂ ਦੀ ਵਧੇਰੇ ਆਸਾਨ ਪਹੁੰਚ ਯਕੀਨੀ ਬਣੇਗੀ ਅਤੇ ਲੋਕਾਂ ਨੂੰ ਕੁਸ਼ਲ ਅਤੇ ਜਵਾਬਦੇਹੀ ਪ੍ਰਣਾਲੀ ਤਹਿਤ ਸੇਵਾਵਾਂ ਮਿਲਗੀਆਂ। ਉਨ੍ਹਾਂ ਦੱਸਿਆ ਕਿ ਸੇਵਾ ਕੇਂਦਰਾਂ ਤੋਂ ਇਲਾਵਾ ਨਾਗਰਿਕ ਹੁਣ ਸਿਟੀਜ਼ਨ ਪੋਰਟਲ ਪਹਿਲ ਤਹਿਤ ਘਰ ਬੈਠੇ ਹੀ ਵੈਬ, ਮੋਬਾਈਲ ਐਪ ਅਤੇ ਵੱਟਸਐਪ ਰਾਹੀਂ ਸੇਵਾਵਾਂ ਲੈ ਸਕਣਗੇ।

----------------------------------------------------------------------

ਪੰਜਾਬ ਦੇ ਸਿੱਖਿਆ ਮੰਤਰੀ  ਹਰਜੋਤ ਸਿੰਘ ਬੈਂਸ ਨੇ ਅੰਮ੍ਰਿਤਸਰ ਅਤੇ ਗੁਰਦਾਸਪੁਰ ਦੇ ਜ਼ਿਲ੍ਹਾ ਪ੍ਰਸ਼ਾਸਨਾਂ ਨੂੰ ਸ੍ਰੀ ਗੁਰੂ ਤੇਗ ਬਹਾਦਰ ਸਾਹਿਬ ਜੀ ਦੇ 350ਵੇਂ ਸ਼ਹੀਦੀ ਦਿਵਸ ਸਮਾਰੋਹਾਂ ਲਈ ਸੁਚਾਰੂ ਪ੍ਰਬੰਧਾਂ ਅਤੇ ਬੁਨਿਆਦੀ ਢਾਂਚੇ ਦੇ ਵਿਕਾਸ ਕਾਰਜਾਂ ਦੀ ਸਮੇਂ-ਸਿਰ ਪੂਰੀ ਕਰਨ ਲਈ ਹੁਕਮ ਜਾਰੀ ਕੀਤੇ। ਹਰਜੋਤ ਸਿੰਘ ਬੈਂਸ ਨੇ ਕੈਬਿਨਟ ਮੰਤਰੀ  ਹਰਭਜਨ ਸਿੰਘ , ਪੇਂਡੂ ਵਿਕਾਸ ਅਤੇ ਪੰਚਾਇਤ ਮੰਤਰੀ , ਤਰੁਨਪ੍ਰੀਤ ਸਿੰਘ ਸੌਂਦ ਅਤੇ ਟੂਰਿਜ਼ਮ ਵਿਭਾਗ ਦੇ ਸਲਾਹਕਾਰ ਦੀਪਕ ਬਾਲੀ ਨਾਲ ਮਿਲ ਕੇ ਗੁਰਦਾਸਪੁਰ ਅਤੇ ਅੰਮ੍ਰਿਤਸਰ ਵਿਖੇ ਵੱਖ-ਵੱਖ ਮੀਟਿੰਗਾਂ ਦੌਰਾਨ ਤਿਆਰੀਆਂ ਦੀ ਸਮੀਖਿਆ ਕੀਤੀ। ਸ੍ਰੀ ਬੈਂਸ ਨੇ ਨੇ ਦੋਵੇਂ ਜ਼ਿਲ੍ਹਾ ਡਿਪਟੀ ਕਮਿਸ਼ਨਰਾਂ ਅਤੇ ਹੋਰ ਸਬੰਧਤ ਜ਼ਿਲ੍ਹਾ ਅਧਿਕਾਰੀਆਂ ਨੂੰ ਹੁਕਮ  ਦਿੱਤੇ ਕਿ ਬੁਨਿਆਦੀ ਢਾਂਚੇ, ਸਫਾਈ, ਰੋਸ਼ਨੀ, ਸੰਗਤ ਦੀ ਠਹਿਰ, ਟਰੈਫਿਕ ਅਤੇ ਸੁਰੱਖਿਆ ਨਾਲ ਸਬੰਧਤ ਸਾਰੇ ਪ੍ਰਬੰਧ ਸਮੇਂ ਤੋਂ ਪਹਿਲਾਂ ਪੂਰੇ ਕਰ ਲਏ ਜਾਣ। ਉਨ੍ਹਾਂ ਨੇ ਧਾਰਮਿਕ ਸੰਸਥਾਵਾਂ ਅਤੇ ਸਥਾਨਕ ਗੁਰਦੁਆਰਾ ਕਮੇਟੀਆਂ ਨਾਲ ਨਿਕਟ ਸਹਿਯੋਗ ਬਣਾਈ ਰੱਖਣ ਲਈ ਵੀ

ਕਿਹਾ ਤਾਂ ਜੋ ਸਾਰੇ ਸਮਾਗਮ ਸ਼ਾਂਤੀਪੂਰਵਕ ਅਤੇ ਸ਼ਰਧਾ ਨਾਲ ਆਯੋਜਿਤ ਹੋਣ।

-------------------------------------------------------

ਪੰਜਾਬ ਦੇ ਖੁਰਾਕ ਅਤੇ ਸਿਵਲ ਸਪਲਾਈ ਮੰਤਰੀ ਲਾਲ ਚੰਦ ਕਟਾਰੂਚੱਕ ਨੇ ਕਿਹਾ ਕਿ ਸੂਬੇ ਦੀਆਂ ਮੰਡੀਆਂ ਵਿੱਚ ਹੁਣ ਤੱਕ 11 ਲੱਖ 23 ਹਜਾਰ ਮੀਟ੍ਰਿਕ ਟਨ ਝੋਨਾ ਪਹੁੰਚਿਆ ਏ , ਜਿਸ ਵਿੱਚੋਂ 10 ਲੱਖ 50 ਹਜਾਰ ਮੀਟ੍ਰਿਕ ਟਨ ਖਰੀਦਿਆ ਜਾ ਚੁੱਕਾ ਏ । ਉਨ੍ਹਾਂ ਦਸਿਆ ਕਿ ਕਿਸਾਨਾਂ ਦੇ ਬੈਂਕ ਖਾਤਿਆਂ ਵਿੱਚ 2 ਹਜ਼ਾਰ 85 ਕਰੋੜ ਰੁਪਏ ਟਰਾਂਸਫਰ ਕੀਤੇ ਗਏ ਨੇ । ਮੰਤਰੀ ਕਲ ਪਠਾਨਕੋਟ ਜ਼ਿਲ੍ਹੇ ਦੀਆਂ ਮੰਡੀਆਂ ਦਾ ਦੌਰਾ ਕਰਨ ਤੋਂ ਪੱਤਰਕਾਰਾਂ ਨਾਲ ਗੱਲਬਾਤ ਕਰ ਰਹੇ ਆਂ । ਉਨ੍ਹਾਂ ਕਿਸਾਨਾਂ ਅਤੇ ਕਮਿਸ਼ਨ ਏਜੰਟਾਂ ਦੀਆਂ ਸਮੱਸਿਆਵਾਂ ਵੀ ਸੁਣੀਆਂ ਅਤੇ ਉਨ੍ਹਾਂ ਨੂੰ ਹੱਲ ਕਰਨ ਦਾ ਭਰੋਸਾ ਦਿੱਤਾ। ਉਨ੍ਹਾਂ ਕਿਸਾਨਾਂ ਨੂੰ ਅਪੀਲ ਕੀਤੀ ਕਿ ਉਹ ਆਪਣਾ ਝੋਨਾ ਮੰਡੀ ਵਿੱਚ ਲਿਆਉਣ ਤੋਂ ਪਹਿਲਾਂ ਸੁਕਾ ਲੈਣ ਤਾਂ ਜੋ ਉਨ੍ਹਾਂ ਨੂੰ ਕੋਈ ਸਮੱਸਿਆ ਨਾ ਆਵੇ। ਉਨ੍ਹਾਂ ਕਿਹਾ ਕਿ ਸਰਕਾਰ, ਪੰਜਾਬ

ਸਰਕਾਰ ਦੇ ਅਧਿਕਾਰੀਆਂ ਦੇ ਨਾਲ, ਸੁਚਾਰੂ ਖਰੀਦ ਨੂੰ ਯਕੀਨੀ ਬਣਾਉਣ ਲਈ ਆਪਣੇ ਫਰਜ਼ ਨਿਭਾ ਰਹੀ ਏ।

---------------------------------------------------------------

ਪੀਣਯੋਗ ਪਾਣੀ ਦੀ ਕਮੀ ਨਾਲ ਜੂਝ ਰਹੇ ਨੰਗਲ ਵਾਸੀਆਂ ਲਈ ਵੱਡੀ ਰਾਹਤ ਦਾ ਐਲਾਨ ਕਰਦਿਆਂ ਪੰਜਾਬ ਦੇ ਸਿੱਖਿਆ ਮੰਤਰੀ ਹਰਜੋਤ ਸਿੰਘ ਬੈਂਸ ਨੇ ਦੱਸਿਆ ਕਿ 16 ਕਰੋੜ ਰੁਪਏ ਦਾ ਪਾਈਪਲਾਈਨ ਜਲ ਪ੍ਰੋਜੈਕਟ ਲਗਾਇਆ ਜਾਵੇਗਾ ਜੋ ਸਤਲੁਜ ਦਰਿਆ ਤੋਂ ਸ਼ਹਿਰ ਦੇ ਹਰ ਘਰ ਨੂੰ ਸਾਫ਼ ਪੀਣ ਵਾਲਾ ਪਾਣੀ ਸਪਲਾਈ ਕਰੇਗਾ। ਇਹ ਪ੍ਰੋਜੈਕਟ 18 ਮਹੀਨਿਆਂ ਦੇ ਅੰਦਰ ਪੂਰਾ ਹੋਣ ਦੀ ਉਮੀਦ ਏ।ਉਨ੍ਹਾਂ ਦੱਸਿਆ ਕਿ ਇਸ ਪ੍ਰੋਜੈਕਟ, ਜਿਸ ਲਈ ਟੈਂਡਰ ਜਾਰੀ ਕਰ ਦਿੱਤੇ ਗਏ ਹਨ, ਤਹਿਤ ਦੋ ਨਵੇਂ ਵਾਟਰ ਟ੍ਰੀਟਮੈਂਟ ਪਲਾਂਟ ਸਥਾਪਤ ਕੀਤੇ ਜਾਣਗੇ ਅਤੇ ਮੌਜੂਦਾ ਪਲਾਂਟਾਂ ਦੀ 4 ਐਮ.ਐਲ.ਡੀ ਸਮਰੱਥਾ ਵਿੱਚ ਵਾਧਾ ਕੀਤਾ ਜਾਵੇਗਾ। ਇਹ ਬੁਨਿਆਦੀ ਢਾਂਚਾ ਅਪਗ੍ਰੇਡੇਸ਼ਨ ਪ੍ਰੋਜੈਕਟ ਨੰਗਲ ਵਾਸੀਆਂ, ਜਿਨ੍ਹਾਂ ਨੇ ਲੰਬੇ ਸਮੇਂ ਤੋਂ ਪਾਣੀ ਦੀ ਕਮੀ ਅਤੇ ਧਰਤੀ ਹੇਠਲੇ ਪਾਣੀ ਦੇ ਦੂਸ਼ਿਤ ਹੋਣ

ਵਰਗੀਆਂ ਸਮੱਸਿਆ ਨੂੰ ਝੱਲਿਆ ਏ , ਦੇ ਦਹਾਕਿਆਂ ਦੀ ਸਮੱਸਿਆ ਨੂੰ ਖਤਮ ਕਰੇਗਾ।

---------------------------------------------------------------

ਪਠਾਨਕੋਟ ਵਿਚ ਸ਼ਾਹਪੁਰ ਕੰਢੀ ਪੁਲਿਸ ਨੇ ਇੱਕ ਗੋਦਾਮ ਜ਼ਬਤ ਕੀਤਾ ਏ, ਜਿਸ ਵਿੱਚ ਗੈਰ-ਕਾਨੂੰਨੀ ਤੌਰ 'ਤੇ ਭੰਡਾਰ ਕੀਤੇ ਪਟਾਕੇ ਰੱਖੇ ਹੋਏ ਸਨ। ਪੁਲਿਸ ਨੇ ਇੱਕ ਵਿਅਕਤੀ ਨੂੰ ਗ੍ਰਿਫ਼ਤਾਰ ਕਰਕੇ ਉਸ ਖਿਲਾਫ ਮਾਮਲਾ ਦਰਜ ਕੀਤਾ ਏ । ਧਾਰ ਕਲਾਂ ਦੇ ਡੀਐਸਪੀ ਲਖਵਿੰਦਰ ਸਿੰਘ ਨੇ ਦੱਸਿਆ ਕਿ ਇਕ ਸੂਚਨਾ ਤੇ ਕਾਰਵਾਈ ਕਰਦਿਆਂ ਪੁਲਿਸ ਨੇ ਮੌਕੇ 'ਤੇ ਛਾਪਾ ਮਾਰਿਆ ਤਾਂ ਇਸ ਗੋਦਾਮ ਵਿੱਚ ਵੱਡੀ ਮਾਤਰਾ ਵਿੱਚ ਪਟਾਕੇ ਪਾਏ ਗਏ। ਪਟਾਕਿਆਂ ਦਾ ਇੱਕ ਗੈਰ-ਕਾਨੂੰਨੀ ਗੋਦਾਮ ਬਿਨਾਂ ਲਾਇਸੈਂਸ ਦੇ ਬਣਾਇਆ ਗਿਆ ਸੀ। ਅਗਲੇਰੀ ਜਾਂਚ ਕੀਤੀ ਜਾ ਰਹੀ ਏ । ਉਨ੍ਹਾਂ ਕਿਹਾ ਕਿ ਭਵਿੱਖ ਵਿੱਚ ਵੀ, ਜੇਕਰ ਕੋਈ ਵਿਅਕਤੀ ਗੈਰ-ਕਾਨੂੰਨੀ ਤੌਰ 'ਤੇ ਪਟਾਕਿਆਂ ਦਾ ਭੰਡਾਰ ਕਰਦਾ ਪਾਇਆ ਜਾਂਦਾ ਹੈ, ਤਾਂ ਉਸਨੂੰ ਸਜ਼ਾ ਦਿੱਤੀ ਜਾਵੇਗੀ। ਕਾਨੂੰਨ ਅਨੁਸਾਰ ਉਸ ਵਿਰੁੱਧ ਸਖ਼ਤ ਕਾਰਵਾਈ ਕੀਤੀ ਜਾਵੇਗੀ।